**ਬਸੰਤੁ ਮਹਲਾ ੫ ॥ ਤਿਸੁ ਬਸੰਤੁ ਜਿਸੁ ਪ੍ਰਭੁ ਕ੍ਰਿਪਾਲੁ ॥ ਤਿਸੁ ਬਸੰਤੁ ਜਿਸੁ ਗੁਰੁ ਦਇਆਲੁ ॥ ਮੰਗਲੁ ਤਿਸ ਕੈ ਜਿਸੁ ਏਕੁ ਕਾਮੁ ॥ ਤਿਸੁ ਸਦ ਬਸੰਤੁ ਜਿਸੁ ਰਿਦੈ ਨਾਮੁ ॥੧॥ ਗ੍ਰਿਹਿ ਤਾ ਕੇ ਬਸੰਤੁ ਗਨੀ ॥ ਜਾ ਕੈ ਕੀਰਤਨੁ ਹਰਿ ਧੁਨੀ ॥੧॥ ਰਹਾਉ ॥ ਪ੍ਰੀਤਿ ਪਾਰਬ੍ਰਹਮ ਮਉਲਿ ਮਨਾ ॥ ਗਿਆਨੁ ਕਮਾਈਐ ਪੂਛਿ ਜਨਾਂ ॥ ਸੋ ਤਪਸੀ ਜਿਸੁ ਸਾਧਸੰਗੁ ॥ ਸਦ ਧਿਆਨੀ ਜਿਸੁ ਗੁਰਹਿ ਰੰਗੁ ॥ ੨॥ ਸੇ ਨਿਰਭਉ ਜਿਨ੍ ਭਉ ਪਇਆ ॥ ਸੋ ਸੁਖੀਆ ਜਿਸੁ ਭ੍ਰਮੁ ਗਇਆ ॥ ਸੋ ਇਕਾਂਤੀ ਜਿਸੁ ਰਿਦਾ ਥਾਇ ॥ ਸੋਈ ਨਿਹਚਲੁ ਸਾਚ ਠਾਇ ॥੩॥ ਏਕਾ ਖੋਜੈ ਏਕ ਪ੍ਰੀਤਿ ॥ ਦਰਸਨ ਪਰਸਨ ਹੀਤ ਚੀਤਿ ॥ ਹਰਿ ਰੰਗ ਰੰਗਾ ਸਹਜਿ ਮਾਣੁ ॥ ਨਾਨਕ ਦਾਸ ਤਿਸੁ ਜਨ ਕੁਰਬਾਣੁ ॥੪॥੩॥** {ਪੰਨਾ 1180}

ਪਦਅਰਥ:- ਬਸੰਤੁ—ਖਿੜਾਉ। ਮੰਗਲੁ—ਆਨੰਦ, ਖ਼ੁਸ਼ੀ। ਤਿਸ ਕੈ—ਉਸ (ਮਨੁੱਖ) ਦੇ ਹਿਰਦੇ ਵਿਚ {ਸੰਬੰਧਕ 'ਕੈ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ}। ਕਾਮੁ—ਕੰਮ। ਸਦ—ਸਦਾ। ਰਿਦੈ—ਹਿਰਦੇ ਵਿਚ।1।

ਗ੍ਰਿਹਿ ਤਾ ਕੇ—ਉਸ ਮਨੁੱਖ ਦੇ ਹਿਰਦੇ ਵਿਚ। ਗਨੀ—ਗਨੀਂ, ਮੈਂ ਗਿਣਦਾ ਹਾਂ, ਮੈਂ ਸਮਝਦਾ ਹਾਂ। ਜਾ ਕੈ—ਜਿਸ ਦੇ ਹਿਰਦੇ ਵਿਚ। ਕੀਰਤਨੁ—ਸਿਫ਼ਤਿ-ਸਾਲਾਹ। ਧੁਨੀ—ਧੁਨਿ, ਲਗਨ, ਪਿਆਰ।1। ਰਹਾਉ।

ਮਉਲਿ—ਖਿੜਿਆ ਰਹੁ। ਮਨਾ—ਹੇ ਮਨ! ਗਿਆਨੁ—ਆਤਮਕ ਜੀਵਨ ਦੀ ਸੂਝ। ਪੂਛਿ ਜਨਾਂ—ਸੰਤ ਜਨਾਂ ਤੋਂ ਪੁੱਛ ਕੇ। ਸਾਧ ਸੰਗੁ—ਗੁਰੂ ਦਾ ਸੰਗ। ਧਿਆਨੀ—ਜੁੜੇ ਮਨ ਵਾਲਾ। ਗੁਰਹਿ ਰੰਗੁ—ਗੁਰੂ ਦਾ ਪਿਆਰ।2।

ਸੇ—ਉਹ ਮਨੁੱਖ {ਬਹੁ-ਵਚਨ}। ਭਉ—(ਪਰਮਾਤਮਾ ਦਾ) ਡਰ। ਸੋ—ਉਹ ਮਨੁੱਖ {ਇਕ-ਵਚਨ}। ਭ੍ਰਮੁ—ਭਟਕਣਾ। ਇਕਾਂਤੀ—ਇਕਾਂਤ ਥਾਂ ਵਿਚ ਰਹਿਣ ਵਾਲਾ। ਰਿਦਾ—ਹਿਰਦਾ। ਥਾਇ—ਇਕ ਥਾਂ ਤੇ, ਸ਼ਾਂਤ। ਨਿਹਚਲੁ—ਅਡੋਲ-ਚਿੱਤ। ਸਾਚ ਠਾਇ—ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਚਰਨਾਂ ਵਿਚ। ਠਾਇ—ਥਾਂ ਵਿਚ।3।

ਖੋਜੈ—ਭਾਲਦਾ ਹੈ। ਪਰਸਨ—ਛੁਹ। ਹੀਤ—ਹਿਤ, ਤਾਂਘ, ਪਿਆਰ। ਚੀਤਿ—ਚਿੱਤ ਵਿਚ। ਸਹਜਿ—ਆਤਮਕ ਅਡੋਲਤਾ ਵਿਚ। ਕੁਰਬਾਣੁ—ਸਦਕੇ।4।

ਅਰਥ:- ਹੇ ਭਾਈ! ਮੈਂ ਤਾਂ ਉਸ ਮਨੁੱਖ ਦੇ ਹਿਰਦੇ ਵਿਚ ਖਿੜਾਉ (ਪੈਦਾ ਹੋਇਆ) ਸਮਝਦਾ ਹਾਂ, ਜਿਸ ਦੇ ਹਿਰਦੇ ਵਿਚ ਪ੍ਰਭੂ ਦੀ ਸਿਫ਼ਤਿ-ਸਾਲਾਹ ਟਿਕੀ ਹੋਈ ਹੈ, ਜਿਸ ਦੇ ਹਿਰਦੇ ਵਿਚ ਪਰਮਾਤਮਾ (ਦੇ ਨਾਮ) ਦੀ ਲਗਨ ਹੈ।1। ਰਹਾਉ।

ਹੇ ਭਾਈ! ਆਤਮਕ ਖਿੜਾਉ ਉਸ ਮਨੁੱਖ ਨੂੰ ਪ੍ਰਾਪਤ ਹੁੰਦਾ ਹੈ, ਜਿਸ ਉੱਤੇ ਪ੍ਰਭੂ ਦਇਆਵਾਨ ਹੁੰਦਾ ਹੈ, ਜਿਸ ਉਤੇ ਗੁਰੂ ਦਇਆਵਾਨ ਹੁੰਦਾ ਹੈ। ਹੇ ਭਾਈ! ਉਸ ਮਨੁੱਖ ਦੇ ਹਿਰਦੇ ਵਿਚ ਖ਼ੁਸ਼ੀ ਪੈਦਾ ਹੁੰਦੀ ਹੈ, ਜਿਸ ਨੂੰ ਇਕ ਹਰਿ-ਨਾਮ ਸਿਮਰਨ ਦਾ ਸਦਾ ਆਹਰ ਰਹਿੰਦਾ ਹੈ। ਉਸ ਮਨੁੱਖ ਨੂੰ ਖਿੜਾਉ ਸਦਾ ਹੀ ਮਿਲਿਆ ਰਹਿੰਦਾ ਹੈ ਜਿਸ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਵੱਸਦਾ ਹੈ।1।

ਹੇ ਮੇਰੇ ਮਨ! ਪਰਮਾਤਮਾ (ਦੇ ਚਰਨਾਂ) ਨਾਲ ਪ੍ਰੀਤ ਪਾ ਕੇ ਸਦਾ ਖਿੜਿਆ ਰਹੁ। ਹੇ ਮਨ! ਸੰਤ ਜਨਾਂ ਨੂੰ ਪੁੱਛ ਕੇ ਆਤਮਕ ਜੀਵਨ ਦੀ ਸੂਝ ਹਾਸਲ ਕਰੀਦੀ ਹੈ। ਹੇ ਭਾਈ! (ਅਸਲ) ਤਪਸ੍ਵੀ ਉਹ ਮਨੁੱਖ ਹੈ ਜਿਸ ਨੂੰ ਗੁਰੂ ਦੀ ਸੰਗਤਿ ਪ੍ਰਾਪਤ ਹੁੰਦੀ ਹੈ, ਉਹ ਮਨੁੱਖ ਸਦਾ ਜੁੜੀ ਸੁਰਤਿ ਵਾਲਾ ਜਾਣੋ, ਜਿਸ ਦੇ ਅੰਦਰ ਗੁਰ (-ਚਰਨਾਂ) ਦਾ ਪਿਆਰ ਹੈ।2।

ਹੇ ਭਾਈ! ਉਹ ਬੰਦੇ (ਦੁਨੀਆ ਦੇ) ਡਰਾਂ ਤੋਂ ਉਤਾਂਹ ਹਨ ਜਿਨ੍ਹਾਂ ਦੇ ਮਨ ਵਿਚ ਪਰਮਾਤਮਾ ਦਾ ਡਰ ਵੱਸਦਾ ਹੈ। ਉਹ ਮਨੁੱਖ ਸੁਖੀ ਜੀਵਨ ਵਾਲਾ ਹੈ ਜਿਸ (ਦੇ ਮਨ) ਦੀ ਭਟਕਣਾ ਦੂਰ ਹੋ ਗਈ। ਸਿਰਫ਼ ਉਹ ਮਨੁੱਖ ਇਕਾਂਤ ਥਾਂ ਵਿਚ

ਰਹਿੰਦਾ ਹੈ ਜਿਸ ਦਾ ਹਿਰਦਾ ਸ਼ਾਂਤ ਹੈ (ਇਕ ਥਾਂ ਟਿਕਿਆ ਹੋਇਆ ਹੈ)। ਉਹੀ ਮਨੁੱਖ ਅਡੋਲ ਚਿੱਤ ਵਾਲਾ ਹੈ, ਜਿਹੜਾ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਚਰਨਾਂ ਵਿਚ ਜੁੜਿਆ ਰਹਿੰਦਾ ਹੈ 3।

ਹੇ ਦਾਸ ਨਾਨਕ! (ਆਖ—ਹੇ ਭਾਈ!) ਮੈਂ ਉਸ ਮਨੁੱਖ ਤੋਂ ਸਦਕੇ ਜਾਂਦਾ ਹਾਂ, ਜਿਹੜਾ (ਹਰ ਥਾਂ) ਇਕ ਪਰਮਾਤਮਾ ਨੂੰ ਹੀ ਭਾਲਦਾ ਹੈ, ਜਿਸ ਦੇ ਮਨ ਵਿਚ ਇਕ ਪਰਮਾਤਮਾ ਦਾ ਹੀ ਪਿਆਰ ਹੈ, ਜਿਸ ਦੇ ਚਿੱਤ ਵਿਚ ਇਕ ਪ੍ਰਭੂ ਦੇ ਦਰਸਨ ਦੀ ਛੁਹ ਦੀ ਤਾਂਘ ਹੈ, ਜਿਹੜਾ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਕੇ ਸਭ ਰਸਾਂ ਤੋਂ ਸ੍ਰੇਸ਼ਟ ਹਰਿ-ਨਾਮ-ਰਸ ਮਾਣਦਾ ਹੈ।4।3।